# Telephonic Conversation between National Security Adviser and Mr. Jake Sullivan, National Security Advisor of U.S.A

January 27, 2021

---

## ਰਾਸ਼ਟਰੀ ਸੁਰੱਖਿਆ ਸਲਾਹਕਾਰ ਅਤੇ ਸੰਯੁਕਤ ਰਾਜ ਅਮਰੀਕਾ ਦੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਸ਼੍ਰੀ ਜੇਕ ਸਲੀਵਾਨ ਦਰਮਿਆਨ ਹੋਈ ਟੈਲੀਫ਼ੋਨ 'ਤੇ ਗੱਲਬਾਤ

27 ਜਨਵਰੀ, 2021

ਰਾਸ਼ਟਰੀ ਸੁਰੱਖਿਆ ਸਲਾਹਕਾਰ ਸ੍ਰੀ ਅਜੀਤ ਡੋਵਾਲ ਨੇ ਆਪਣੇ ਅਮਰੀਕੀ ਹਮਰੁਤਬਾ ਸ਼੍ਰੀ ਜੇਕ ਸਲੀਵਾਨ ਨਾਲ 27 ਜਨਵਰੀ ਨੂੰ ਟੈਲੀਫੋਨ ਰਾਹੀਂ ਗੱਲਬਾਤ ਕੀਤੀ। NSA ਡੋਵਾਲ ਨੇ NSA ਸਲੀਵਾਨ ਨੂੰ ਰਾਸ਼ਟਰੀ ਸੁਰੱਖਿਆ ਸਲਾਹਕਾਰ ਨਿਯੁਕਤ ਹੋਣ 'ਤੇ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।

NSA ਡੋਵਾਲ ਨੇ ਜ਼ੋਰ ਦੇ ਕੇ ਕਿਹਾ ਕਿ ਖੁੱਲੀ ਅਤੇ ਸਮਾਵੇਸ਼ੀ ਆਲਮੀ ਵਿਵਸਥਾ ਵਿੱਚ ਯਕੀਨ ਰੱਖਣ ਵਾਲੇ ਪ੍ਰਮੁੱਖ ਲੋਕਤੰਤਰੀ ਮੁਲਕ ਹੋਣ ਦੇ ਨਾਤੇ ਭਾਰਤ ਅਤੇ ਸੰਯੁਕਤ ਰਾਜ ਅਮਰੀਕਾ ਦੀ ਖੇਤਰੀ ਅਤੇ ਆਲਮੀ ਮੁੱਦਿਆਂ ਬਾਰੇ ਕੰਮ ਕਰਨ ਲਈ ਵਿਲੱਖਣ ਸਥਿਤੀ ਹੈ। ਇਨ੍ਹਾਂ ਮੁੱਦਿਆਂ ਵਿੱਚ ਅੱਤਵਾਦ ਦੇ ਕਹਿਰ ਨਾਲ ਨਜਿੱਠਣਾ, ਸਮੁੰਦਰੀ ਸੁਰੱਖਿਆ, ਸਾਈਬਰ ਸੁਰੱਖਿਆ ਅਤੇ ਹਿੰਦ-ਪ੍ਰਸ਼ਾਂਤ ਖੇਤਰ ਵਿੱਚ ਅਤੇ ਇਸ ਤੋਂ ਬਾਹਰ ਸ਼ਾਂਤੀ ਅਤੇ ਸਥਿਰਤਾ ਸ਼ਾਮਲ ਹੈ।

NSA ਸਲੀਵਾਨ ਨੇ ਕਿਹਾ ਕਿ ਸੰਯੁਕਤ ਰਾਜ ਅਮਰੀਕਾ ਦੁਵੱਲੇ ਏਜੰਡੇ ਅਤੇ ਸਾਂਝੀਆਂ ਆਲਮੀ ਚੁਣੌਤੀਆਂ ਨਾਲ ਨਜਿੱਠਣ ਲਈ ਮਿਲ ਕੇ ਕੰਮ ਕਰਨ ਦੀ ਉਮੀਦ ਕਰ ਰਿਹਾ ਹੈ।

ਦੋਨਾਂ NSAs ਨੇ ਸਾਂਝੀਆਂ ਕਦਰਾਂ ਕੀਮਤਾਂ ਅਤੇ ਰਣਨੀਤਕ ਅਤੇ ਸੁਰੱਖਿਆ ਹਿੱਤਾਂ ਦੇ ਆਧਾਰ 'ਤੇ ਬਣੇ ਭਾਰਤ-ਅਮਰੀਕਾ ਸਬੰਧਾਂ ਨੂੰ ਹੋਰ ਅੱਗੇ ਲੈਕੇ ਜਾਣ ਲਈ ਨੇੜਤਾ ਨਾਲ ਕੰਮ ਕਰਨ ’ਤੇ ਸਹਿਮਤੀ ਦਿੱਤੀ। ਉਨ੍ਹਾਂ ਨੇ COVID ਤੋਂ ਬਾਅਦ ਦੀ ਦੁਨੀਆ ਅੰਦਰ ਚੁਣੌਤੀਆਂ ਦਾ ਹੱਲ ਕੱਢਣ ਲਈ ਸਮੂਹਿਕ ਤੌਰ 'ਤੇ ਕੰਮ ਕਰਨ ਦੀ ਲੋੜ ਅਤੇ ਵਿਆਪਕ ਆਲਮੀ ਰਣਨੀਤਕ ਭਾਈਵਾਲੀ ਨੂੰ ਵਿਸਥਾਰਤ ਕਰਨ 'ਤੇ ਜ਼ੋਰ ਦਿੱਤਾ।

ਨਵੀਂ ਦਿਲੀ
27 ਜਨਵਰੀ, 2021

DISCLAIMER: This is an approximate translation. The original is available in English on MEA’s website and may be referred to as the official press release.